ਸਾਰਗ ਮਹਲਾ ੫ ॥ ਹਰਿ ਕੇ ਨਾਮਹੀਨ ਬੇਤਾਲ ॥ ਜੇਤਾ ਕਰਨ ਕਰਾਵਨ ਤੇਤਾ ਸਭਿ ਬੰਧਨ ਜੰਜਾਲ ॥੧॥ ਰਹਾਉ ॥ ਬਿਨੁ ਪ੍ਰਭ ਸੇਵ ਕਰਤ ਅਨ ਸੇਵਾ ਬਿਰਥਾ ਕਾਟੈ ਕਾਲ ॥ ਜਬ ਜਮੁ ਆਇ ਸੰਘਾਰੈ ਪ੍ਰਾਨੀ ਤਬ ਤੁਮਰੋ ਕਉਨੁ ਹਵਾਲ ॥੧॥ ਰਾਖਿ ਲੇਹੁ ਦਾਸ ਅਪੁਨੇ ਕਉ ਸਦਾ ਸਦਾ ਕਿਰਪਾਲ ॥ ਸੁਖ ਨਿਧਾਨ ਨਾਨਕ ਪ੍ਰਭੁ ਮੇਰਾ ਸਾਧਸੰਗਿ ਧਨ ਮਾਲ ॥੨॥੬੯॥੯੨॥ {ਪੰਨਾ 1222}

ਪਦਅਰਥ:- ਹੀਨ—ਸੱਖਣੇ। ਬੇਤਾਲ—ਭੂਤਨੇ, ਭੂਤ ਪ੍ਰੇਤ। ਜੇਤਾ—ਜਿਤਨਾ ਕੁਝ। ਸਭਿ—ਸਾਰੇ।1। ਰਹਾਉ।

ਅਨ—{ANX} ਹੋਰ (ਦੀ)। ਕਾਟੈ—ਗੁਜ਼ਾਰਦਾ ਹੈ। ਕਾਲ—(ਜ਼ਿੰਦਗੀ ਦਾ) ਸਮਾ। ਸੰਘਾਰੈ—(ਜਾਨੋਂ) ਮਾਰਦਾ ਹੈ। ਪ੍ਰਾਨੀ—ਹੇ ਪ੍ਰਾਣੀ! ਕਉਨੁ ਹਵਾਲ—ਕੀਹ ਹਾਲ?।1।

ਕਿਰਪਾਲ—ਹੇ ਕਿਰਪਾਲ! ਸੁਖ ਨਿਧਾਨ—ਸੁਖਾਂ ਦਾ ਖ਼ਜ਼ਾਨਾ। ਸਾਧ ਸੰਗਿ—ਸਾਧ ਸੰਗਤਿ ਵਿਚ।2।

ਅਰਥ:- ਹੇ ਭਾਈ! ਪਰਮਾਤਮਾ ਦੇ ਨਾਮ ਤੋਂ ਜੋ ਮਨੁੱਖ ਸੱਖਣੇ ਰਹਿੰਦੇ ਹਨ (ਆਤਮਕ ਜੀਵਨ ਦੀ ਕਸਵੱਟੀ ਅਨੁਸਾਰ) ਉਹ ਭੂਤ-ਪ੍ਰੇਤ ਹੀ ਹਨ। (ਅਜਿਹੇ ਮਨੁੱਖ) ਜਿਤਨਾ ਕੁਝ ਕਰਦੇ ਹਨ ਜਾਂ ਕਰਾਂਦੇ ਹਨ, ਉਹਨਾਂ ਦੇ ਉਹ ਸਾਰੇ ਕੰਮ ਮਾਇਆ ਦੀਆਂ ਫਾਹੀਆਂ ਮਾਇਆ ਦੇ ਜੰਜਾਲ (ਵਧਾਂਦੇ ਹਨ)।1। ਰਹਾਉ।

ਹੇ ਭਾਈ! ਪਰਮਾਤਮਾ ਦੀ ਭਗਤੀ ਤੋਂ ਬਿਨਾ ਹੋਰ ਹੋਰ ਦੀ ਸੇਵਾ ਕਰਦਿਆਂ (ਮਨੁੱਖ ਆਪਣੀ ਜ਼ਿੰਦਗੀ ਦਾ) ਸਮਾ ਵਿਅਰਥ ਬਿਤਾਂਦਾ ਹੈ। ਹੇ ਪ੍ਰਾਣੀ! (ਜੇ ਤੂੰ ਹਰਿ-ਨਾਮ ਤੋਂ ਬਿਨਾ ਹੀ ਰਿਹਾ, ਤਾਂ) ਜਦੋਂ ਜਮਰਾਜ ਆ ਕੇ ਮਾਰਦਾ ਹੈ, ਤਦੋਂ (ਸੋਚ) ਤੇਰਾ ਕੀਹ ਹਾਲ ਹੋਵੇਗਾ?।1।

ਹੇ ਸਦਾ ਹੀ ਦਇਆ ਦੇ ਸੋਮੇ! ਆਪਣੇ ਦਾਸ (ਨਾਨਕ) ਦੀ ਆਪ ਰੱਖਿਆ ਕਰ (ਤੇ, ਆਪਣਾ ਨਾਮ ਬਖ਼ਸ਼)। ਹੇ ਨਾਨਕ! (ਆਖ—ਹੇ ਭਾਈ!) ਮੇਰਾ ਪ੍ਰਭੂ ਸਾਰੇ ਸੁਖਾਂ ਦਾ ਖ਼ਜ਼ਾਨਾ ਹੈ, ਉਸ ਦਾ ਨਾਮ-ਧਨ ਸਾਧ ਸੰਗਤਿ ਵਿਚ ਹੀ ਮਿਲਦਾ ਹੈ।2। 69। 92।